# ਪੰਜਾਬ ਸਕੂਲ ਸਿੱਖਿਆ ਬੋਰਡ

## ਪ੍ਰੈਸ ਨੋਟ

ਬੋਰਡ ਦਫ਼ਤਰ ਵੱਲੋਂ ਪੰਜਾਬੀ ਵਾਧੂ ਵਿਸ਼ਾ ਸੈਸ਼ਨ 2024-25 ਦੀ ਪਹਿਲੀ ਤਿਮਾਹੀ ਦੀ ਪ੍ਰੀਖਿਆ ਲੈਣ ਲਈ ਮਿਤੀ: 29-04-2024 ਅਤੇ 30-04-2024 ਨਿਸ਼ਚਿਤ ਕੀਤੀ ਗਈ ਹੈ। ਪ੍ਰੀਖਿਆ ਫਾਰਮ ਬੋਰਡ ਦੀ ਵੈਬਸਾਈਟ www.pseb.ac.in ਤੇ ਮਿਤੀ: 01-04-2024 ਤੇ ਉਪਲਬੱਧ ਹੋਣਗੇ। ਪ੍ਰੀਖਿਆ ਫਾਰਮ ਆਨਲਾਈਨ ਭਰਨ ਉਪਰੰਤ ,ਉਸ ਦੇ ਪ੍ਰਿੰਟ ਦੀ ਹਾਰਡ ਕਾਪੀ ਮਿਤੀ 18-04-2024 ਤੱਕ ਮੁੱਖ ਦਫਤਰ (ਪ੍ਰੀਖਿਆ ਸ਼ਾਖਾ ਦਸਵੀਂ), ਪੰਜਾਬ ਸਕੂਲ ਸਿੱਖਿਆ ਬੋਰਡ, ਐਸ.ਏ.ਐਸ.ਨਗਰ ਵਿਖੇ ਜਮ੍ਹਾਂ ਕੀਤੇ ਜਾਣਗੇ। ਰੋਲ ਨੰਬਰ ਬੋਰਡ ਦੀ ਵੈਬਸਾਈਟ ਤੇ ਮਿਤੀ 24-04-2024 ਤੋਂ ਉਪਲਬੱਧ ਹੋਣਗੇ।

ਪ੍ਰੀਖਿਆ ਫਾਰਮ ਜਮ੍ਹਾਂ ਕਰਵਾਉਣ ਸਮੇਂ ਸਬੰਧਤ ਪ੍ਰੀਖਿਆਰਥੀ ਆਪਣੇ ਦਸਵੀਂ ਪਾਸ ਅਸਲ ਸਰਟੀਫਿਕੇਟ,ਫੋਟੋ ਪਹਿਚਾਣ ਪੱਤਰ ਅਤੇ ਉਨ੍ਹਾਂ ਦੀਆਂ ਤਸਦੀਕ ਸ਼ੁਦਾ ਫੋਟੋਕਾਪੀਆਂ ਨਾਲ ਲੈ ਕੇ ਆਉਣ। ਨਿਰਧਾਰਿਤ ਮਿਤੀ ਤੱਕ ਪ੍ਰੀਖਿਆ ਫਾਰਮ ਦੀ ਤਸਦੀਕਸ਼ੁਦਾ ਹਾਰਡ ਕਾਪੀ,ਦਸਵੀਂ ਪਾਸ ਦੇ ਸਰਟੀਫਿਕੇਟ ਦੀ ਤਸਦੀਕਸ਼ੁਦਾ ਕਾਪੀ ਅਤੇ ਆਧਾਰ ਕਾਰਡ, ਮੁੱਖ ਦਫਤਰ ਵਿਖੇ ਜਮ੍ਹਾਂ ਕਰਵਾਉਣਾ ਲਾਜ਼ਮੀ ਹੈ। ਅਜਿਹਾ ਨਾ ਕਰਨ ਤੇ ਸਬੰਧਤ ਪ੍ਰੀਖਿਆਰਥੀ ਦਾ ਰੋਲ ਨੰਬਰ ਜਾਰੀ ਨਹੀਂ ਕੀਤਾ ਜਾਵੇਗਾ, ਜਿਸ ਦੀ ਸਮੁੱਚੀ ਜਿੰਮੇਵਾਰੀ ਸਬੰਧਤ ਪ੍ਰੀਖਿਆਰਥੀ ਦੀ ਹੋਵੇਗੀ। ਪ੍ਰੀਖਿਆ ਸਬੰਧੀ ਹੋਰ ਜਾਣਕਾਰੀ ਲਈ ਬੋਰਡ ਦੀ ਵੈਬਸਾਈਟ ਵੇਖੀ ਜਾਵੇ।

28/3/24

(ਡਾ: ਗੁਰਮੀਤ ਕੌਰ)

ਉਪ ਸਕੱਤਰ(ਪ੍ਰੀਖਿਆ ਦਸਵੀਂ/ਗੁਪਤ)